ਰਾਗੁ ਬਸੰਤੁ ਮਹਲਾ ੧ ਘਰੁ ੧ ਚਉਪਦੇ ਦੁਤੁਕੇ ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਮਾਹਾ ਮਾਹ ਮੁਮਾਰਖੀ ਚੜਿਆ ਸਦਾ ਬਸੰਤੁ ॥ ਪਰਫੜੁ ਚਿਤ ਸਮਾਲਿ ਸੋਇ ਸਦਾ ਸਦਾ ਗੋਬਿੰਦੁ ॥੧॥ ਭੋਲਿਆ ਹਉਮੈ ਸੁਰਤਿ ਵਿਸਾਰਿ ॥ ਹਉਮੈ ਮਾਰਿ ਬੀਚਾਰਿ ਮਨ ਗੁਣ ਵਿਚਿ ਗੁਣੁ ਲੈ ਸਾਰਿ ॥੧॥ ਰਹਾਉ ॥ ਕਰਮ ਪੇਡੁ ਸਾਖਾ ਹਰੀ ਧਰਮੁ ਫੁਲੁ ਫਲੁ ਗਿਆਨੁ ॥ ਪਤ ਪਰਾਪਤਿ ਛਾਵ ਘਣੀ ਚੂਕਾ ਮਨ ਅਭਿਮਾਨੁ ॥੨॥ ਅਖੀ ਕੁਦਰਤਿ ਕੰਨੀ ਬਾਣੀ ਮੁਖਿ ਆਖਣੁ ਸਚੁ ਨਾਮੁ ॥ ਪਤਿ ਕਾ ਧਨੁ ਪੂਰਾ ਹੋਆ ਲਾਗਾ ਸਹਜਿ ਧਿਆਨੁ ॥੩॥ ਮਾਹਾ ਰੁਤੀ ਆਵਣਾ ਵੇਖਹੁ ਕਰਮ ਕਮਾਇ ॥ ਨਾਨਕ ਹਰੇ ਨ ਸੂਕਹੀ ਜਿ ਗੁਰਮੁਖਿ ਰਹੇ ਸਮਾਇ ॥੪॥੧॥ {ਪੰਨਾ 1168}

ਪਦਅਰਥ:- ਮਾਹਾ ਮਾਹ—ਮਹਾ ਮਹਾ, ਵੱਡੀਆਂ ਵੱਡੀਆਂ। ਮੁਮਾਰਖੀ—ਮੁਬਾਰਕਾਂ, ਵਧਾਈਆਂ। ਸਦਾ ਬਸੰਤੁ—ਸਦਾ ਖਿੜੇ ਰਹਿਣ ਵਾਲਾ (ਪ੍ਰਭੂ-ਪ੍ਰਕਾਸ਼)। ਪਰਫੜੁ—ਪ੍ਰਫੁਲਤ ਹੋ, ਖਿੜ। ਚਿਤ—ਹੇ ਚਿਤ! ਸਮ੍ਹਾਲਿ—ਸਾਂਭ ਰੱਖ। ਗੋਬਿੰਦੁ—ਸ੍ਰਿਸ਼ਟੀ ਦੀ ਸਾਰ ਲੈਣ ਵਾਲਾ ਪ੍ਰਭੂ।1।

ਭੋਲਿਆ—ਹੇ ਕਮਲੇ (ਮਨ)! ਸੁਰਤਿ—ਬ੍ਰਿਤੀ। ਵਿਸਾਰਿ—ਭੁਲਾ ਦੇ। ਬੀਚਾਰਿ—ਸੋਚ ਸਮਝ, ਹੋਸ਼ ਕਰ। ਮਨ—ਹੇ ਮਨ! ਗੁਣ ਵਿਚਿ ਗੁਣੁ—ਗੁਣਾਂ ਵਿਚ ਸ੍ਰੇਸ਼ਟ ਗੁਣ, ਸਭ ਤੋਂ ਸ੍ਰੇਸ਼ਟ ਗੁਣ। ਲੈ ਸਾਰਿ—ਸਾਰਿ ਲੈ, ਸੰਭਾਲ ਲੈ।1। ਰਹਾਉ।

ਕਰਮ—(ਰੋਜ਼ਾਨਾ ਜੀਵਨ ਵਾਲੇ) ਕੰਮ। ਪੇਡੁ—ਰੁੱਖ। ਸਾਖਾ—ਟਹਣੀਆਂ। ਹਰੀ—ਹਰਿ-ਨਾਮ ਦਾ ਸਿਮਰਨ। ਗਿਆਨੁ—ਪ੍ਰਭੂ ਨਾਲ ਡੂੰਘੀ ਸਾਂਝ। ਪਤ—ਪੱਤਰ। ਘਣੀ—ਸੰਘਣੀ। ਮਨ ਅਭਿਮਾਨੁ—ਮਨ ਦਾ ਅਹੰਕਾਰ। ਚੂਕਾ—ਮੁੱਕ ਗਿਆ।2।

ਅਖੀ—ਅੱਖਾਂ ਨਾਲ। ਕੰਨੀ—ਕੰਨਾਂ ਨਾਲ। ਬਾਣੀ—ਸਿਫ਼ਤਿ-ਸਾਲਾਹ। ਮੁਖਿ—ਮੂੰਹ ਵਿਚ। ਆਖਣੁ—ਬੋਲ। ਪਤਿ—ਇੱਜ਼ਤ। ਸਹਜਿ—ਸਹਜ, ਅਡੋਲਤਾ ਵਿਚ। ਧਿਆਨੁ—ਟਿਕਾਉ।3।

ਮਾਹਾ ਰੁਤੀ—ਮਹੀਨੇ ਤੇ ਰੁੱਤਾਂ। ਕਰਮ—(ਹਉਮੈ ਵਿਸਾਰਨ ਵਾਲੇ) ਕੰਮ।4।

ਅਰਥ:- ਹੇ ਕਮਲੇ ਮਨ! ਮੈਂ ਮੈਂ ਕਰਨ ਵਾਲੀ ਬ੍ਰਿਤੀ ਭੁਲਾ ਦੇ। ਹੇ ਮਨ! ਹੋਸ਼ ਕਰ, ਹਉਮੈ ਨੂੰ (ਆਪਣੇ ਅੰਦਰੋਂ) ਮੁਕਾ ਦੇ। (ਹਉਮੈ ਨੂੰ ਮੁਕਾਣ ਵਾਲਾ ਇਹ) ਸਭ ਤੋਂ ਸ੍ਰੇਸ਼ਟ ਗੁਣ (ਆਪਣੇ ਅੰਦਰ) ਸੰਭਾਲ ਲੈ।1। ਰਹਾਉ।

(ਹੇ ਮਨ! ਜੇ ਤੂੰ ਹਉਮੈ ਵਾਲੀ ਬ੍ਰਿਤੀ ਭੁਲਾ ਦੇਵੇਂ ਤਾਂ ਤੇਰੇ ਅੰਦਰ) ਵਡੀਆਂ ਵਡੀਆਂ ਵਧਾਈਆਂ (ਬਣ ਜਾਣ, ਤੇਰੇ ਅੰਦਰ ਸਦਾ ਚੜ੍ਹਦੀ ਕਲਾ ਟਿਕੀ ਰਹੇ, ਕਿਉਂਕਿ ਤੇਰੇ ਅੰਦਰ) ਸਦਾ ਖਿੜੇ ਰਹਿਣ ਵਾਲਾ ਪਰਮਾਤਮਾ ਪਰਗਟ ਹੋ ਪਏ। ਹੇ ਮੇਰੇ ਚਿੱਤ! ਸ੍ਰਿਸ਼ਟੀ ਦੀ ਸਾਰ ਲੈਣ ਵਾਲੇ ਪ੍ਰਭੂ ਨੂੰ ਤੂੰ ਸਦਾ (ਆਪਣੇ ਅੰਦਰ) ਸਾਂਭ ਰੱਖ ਤੇ (ਇਸ ਦੀ ਬਰਕਤਿ ਨਾਲ) ਖਿੜਿਆ ਰਹੁ।1।

(ਹੇ ਮਨ! ਜੇ ਤੂੰ ਹਉਮੈ ਭੁਲਾਣ ਵਾਲੇ ਰੋਜ਼ਾਨਾ) ਕੰਮ (ਕਰਨ ਲੱਗ ਪਏਂ, ਇਹ ਤੇਰੇ ਅੰਦਰ ਇਕ ਐਸਾ) ਰੁੱਖ (ਉੱਗ ਪਏਗਾ, ਜਿਸ ਨੂੰ) ਹਰਿ-ਨਾਮ (ਸਿਮਰਨ) ਦੀਆਂ ਟਹਣੀਆਂ (ਫੁੱਟਣਗੀਆਂ, ਜਿਸ ਨੂੰ) ਧਾਰਮਿਕ ਜੀਵਨ ਫੁੱਲ (ਲੱਗੇਗਾ ਤੇ ਪ੍ਰਭੂ ਨਾਲ) ਡੂੰਘੀ ਜਾਣ-ਪਛਾਣ ਫਲ (ਲੱਗੇਗਾ)। ਪਰਮਾਤਮਾ ਦੀ ਪਰਾਪਤੀ (ਉਸ ਰੁੱਖ ਦੇ) ਪੱਤਰ (ਹੋਣਗੇ, ਤੇ) ਨਿਰਮਾਣਤਾ (ਉਸ ਰੁੱਖ ਦੀ) ਸੰਘਣੀ ਛਾਂ ਹੋਵੇਗੀ।2।

(ਜੇਹੜਾ ਭੀ ਮਨੁੱਖ ਹਉਮੈ ਨੂੰ ਭੁਲਾਣ ਵਾਲੇ ਰੋਜ਼ਾਨਾ ਕੰਮ ਕਰੇਗਾ ਉਸ ਨੂੰ) ਕੁਦਰਤਿ ਵਿਚ ਵੱਸਦਾ ਰੱਬ ਆਪਣੀ ਅੱਖੀਂ ਦਿੱਸੇਗਾ, ਉਸ ਦੇ ਕੰਨਾਂ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਵੱਸੇਗੀ, ਉਸ ਦੇ ਮੂੰਹ ਵਿਚ ਸਦਾ-ਥਿਰ ਰਹਿਣ

ਵਾਲਾ ਪ੍ਰਭੂ-ਨਾਮ ਹੀ ਬੋਲ ਹੋਵੇਗਾ। ਉਸ ਨੂੰ ਲੋਕ ਪਰਲੋਕ ਦੀ ਇੱਜ਼ਤ ਦਾ ਸੰਪੂਰਨ ਧਨ ਮਿਲ ਜਾਇਗਾ, ਅਡੋਲਤਾ ਵਿਚ ਸਦਾ ਉਸ ਦੀ ਸੁਰਤਿ ਟਿਕੀ ਰਹੇਗੀ।3।

(ਹੇ ਭਾਈ! ਹਉਮੈ ਨੂੰ ਵਿਸਾਰਨ ਵਾਲੇ) ਕੰਮ ਕਰ ਕੇ ਵੇਖ ਲਵੋ, ਇਹ ਦੁਨੀਆ ਵਾਲੀਆਂ ਰੁੱਤਾਂ ਤੇ ਮਹੀਨੇ ਤਾਂ ਸਦਾ ਆਉਣ ਜਾਣ ਵਾਲੇ ਹਨ (ਪਰ ਉਹ ਸਦਾ ਦੇ ਖੇੜੇ ਵਾਲੀ ਆਤਮਕ ਅਵਸਥਾ ਵਾਲੀ ਰੁੱਤ ਕਦੇ ਲੋਪ ਨਹੀਂ ਹੋਵੇਗੀ)।

ਹੇ ਨਾਨਕ! ਜੇਹੜੇ ਬੰਦੇ ਗੁਰੂ ਦੇ ਦੱਸੇ ਰਸਤੇ ਤੁਰ ਕੇ ਪ੍ਰਭੂ-ਯਾਦ ਵਿਚ ਟਿਕੇ ਰਹਿੰਦੇ ਹਨ, ਉਹਨਾਂ ਦੀ ਆਤਮਾ ਸਦਾ ਖਿੜੀ ਰਹਿੰਦੀ ਹੈ ਤੇ ਉਹ ਖੇੜਾ ਕਦੇ ਸੁੱਕਦਾ ਨਹੀਂ।4।1।